15ਵੀਂ ਵਿਧਾਨ ਸਭਾ
ਗਿਆਰਵਾਂ ਸਮਾਗਮ, 2020

# ਪੰਜਾਬ ਵਿਧਾਨ ਸਭਾ
## ਕਾਰਜ-ਸੂਚੀ

ਸੋਮਵਾਰ, 2 ਮਾਰਚ, 2020
2.00 ਵਜੇ ਬਾਅਦ ਦੁਪਹਿਰ

---

## I. ਪ੍ਰਸ਼ਨ

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

## II. ਧਿਆਨ ਦਿਵਾਊ ਨੋਟਿਸ

1. ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, **ਐਮ.ਐਲ.ਏ.**:- ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਅਤੇ ਘੱਟ ਗਿਣਤੀਆਂ ਦੇ ਮੰਤਰੀ ਦਾ ਧਿਆਨ ਅਨੁਸੂਚਿਤ ਜਾਤੀਆਂ/ਪੱਛੜੀਆਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਪੋਸਟ ਮੈਟ੍ਰਿਕ ਸਕਾਲਰਸ਼ਿਪਾਂ ਦੇ ਲੰਮੇ ਸਮੇਂ ਤੋਂ ਪਏ ਬਕਾਇਆਂ ਵੱਲ ਦਿਵਾਉਣਗੇ।

(ਨੰ: 45)

2. ਸਰਦਾਰ ਰਣਦੀਪ ਸਿੰਘ ਨਾਭਾ, **ਐਮ.ਐਲ.ਏ.**:- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਮੰਡੀ ਗੋਬਿੰਦਗੜ੍ਹ ਵਿੱਚ ਹਾਈ ਟੈਕ ਟਰੌਮਾ ਸੈਂਟਰ ਦੀ ਜ਼ਰੂਰਤ ਵੱਲ ਦਿਵਾਉਣਗੇ।

(ਨੰ: 51)

3. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, **ਐਮ.ਐਲ.ਏ.**:- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਖਾਦ ਪਦਾਰਥਾਂ ਜਿਵੇਂ ਕਿ ਦੁੱਧ, ਦਹੀਂ, ਪਨੀਰ ਆਦਿ ਵਿੱਚ ਕੈਮੀਕਲਾਂ ਦੀ ਹੁੰਦੀ ਮਿਲਾਵਟ ਵੱਲ ਦਿਵਾਉਣਗੇ।

(ਨੰ: 52)

III. ਸਕੱਤਰ — ਦੁਆਰਾ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਆਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਹਨ, ਸਦਨ ਦੀ ਮੇਜ਼ ਤੇ ਰੱਖੇ ਜਾਣਗੇ, ਜਿਵੇਂ ਕਿ ਪੈਰ੍ਹਾ 8 ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ।

## IV. ਮੇਜ਼ ਉੱਤੇ ਮੁੜ ਰੱਖੇ ਜਾਣ ਵਾਲੇ/ਰੱਖੇ ਜਾਣ ਵਾਲੇ ਕਾਗਜ਼ ਪੱਤਰ

1. ਇੱਕ ਮੰਤਰੀ — ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ ਨਿਯਮ, 2017 ਮੇਜ਼ ਤੇ ਮੁੜ ਰੱਖਣਗੇ, ਜਿਵੇਂ ਕਿ ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ ਐਕਟ, 2017 ਦੀ ਧਾਰਾ 166 ਅਧੀਨ ਲੋੜੀਂਦਾ ਹੈ।

2. ਇੱਕ ਮੰਤਰੀ — ਦੀ ਰੀਅਲ ਅਸਟੇਟ ਐਪੀਲੇਟ ਟ੍ਰਿਬਿਊਨਲ, ਪੰਜਾਬ ਨੂੰ ਸਥਾਪਤ ਕਰਨ ਸਬੰਧੀ ਅਧਿਸੂਚਨਾ ਮੇਜ਼ ਤੇ ਰੱਖਣਗੇ, ਜਿਵੇਂ ਕਿ ਰੀਅਲ ਅਸਟੇਟ (ਵਿਨਿਯਮ ਅਤੇ ਵਿਕਾਸ) ਐਕਟ, 2016 ਦੀ ਧਾਰਾ 78 (2) ਅਧੀਨ ਲੋੜੀਂਦਾ ਹੈ।

3. ਇੱਕ ਮੰਤਰੀ — ਸਾਲ 2017-18 ਲਈ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਵਿੱਤ ਕਾਰਪੋਰੇਸ਼ਨ, ਚੰਡੀਗੜ੍ਹ ਦੀ ਬੈਲੰਸਸ਼ੀਟ ਅਤੇ ਲਾਭ ਅਤੇ ਹਾਨੀਆਂ ਦੇ ਲੇਖੇ ਮੇਜ਼ ਤੇ ਰੱਖਣਗੇ, ਜਿਵੇਂ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਐਕਟ, 1970 ਦੀ ਧਾਰਾ 27(5) ਅਧੀਨ ਲੋੜੀਂਦਾ ਹੈ।

28/2/20
Superintendent
Punjab Vidhan Sabha
Chandigarh

ਪਰਤੋਂ ਜੀ....

4. ਇੱਕ ਮੰਤਰੀ ਸਾਲ 2017 ਲਈ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 25(4) ਅਧੀਨ ਲੋੜੀਂਦਾ ਹੈ।

5. ਇੱਕ ਮੰਤਰੀ ਸਾਲ 2017-18 ਲਈ ਅੰਮ੍ਰਿਤਸਰ ਡਿਵੈਲਪਮੈਂਟ ਅਥਾਰਿਟੀ ਦੀ ਸਾਲਾਨਾ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

6. ਇੱਕ ਮੰਤਰੀ ਸਾਲ 2017-18 ਲਈ ਰੀਅਲ ਅਸਟੇਟ ਰੈਗੂਲੇਟਰੀ ਅਥਾਰਿਟੀ, ਪੰਜਾਬ ਦੇ ਸਾਲਾਨਾ ਲੇਖੇ ਤੇ ਵੱਖਰੀ ਆਡਿਟ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਰੀਅਲ ਅਸਟੇਟ (ਵਿਨਿਯਮ ਅਤੇ ਵਿਕਾਸ) ਐਕਟ, 2016 ਦੀ ਧਾਰਾ 78 (2) ਅਧੀਨ ਲੋੜੀਂਦਾ ਹੈ।

7. ਇੱਕ ਮੰਤਰੀ ਸਾਲਾਂ 2012-13, 2013-14, 2014-15 ਅਤੇ 2015-16 ਲਈ ਪੰਜਾਬ ਖਾਦੀ ਅਤੇ ਪੇਂਡੂ ਉਦਯੋਗ ਬੋਰਡ ਦੇ ਸਾਲਾਨਾ ਲੇਖਿਆਂ ਤੇ 30ਵੀਂ, 31ਵੀਂ, 32ਵੀਂ ਅਤੇ 33ਵੀਂ ਰਿਪੋਰਟ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖਾਦੀ ਅਤੇ ਪੇਂਡੂ ਉਦਯੋਗ ਬੋਰਡ ਐਕਟ, 1955 ਦੀ ਧਾਰਾ 28 ਅਧੀਨ ਲੋੜੀਂਦਾ ਹੈ।

## V. ਰਿਪੋਰਟਾਂ ਪੇਸ਼ ਕਰਨੀਆਂ

1. ਸਭਾਪਤੀ, ਪੰਜਾਬੀਆਂ ਵਲੋਂ ਆਜ਼ਾਦੀ ਸੰਘਰਸ਼ ਲਈ ਅੰਡੇਮਾਨ ਅਤੇ ਨਿਕੋਬਾਰ ਦੀਪ ਸਮੂਹ ਵਿੱਚ ਦਿੱਤੀਆਂ ਕੁਰਬਾਨੀਆਂ ਅਤੇ ਹੋਰ ਤੱਥਾਂ ਸਬੰਧੀ ਕਮੇਟੀ

   ਪੰਜਾਬੀਆਂ ਵਲੋਂ ਆਜ਼ਾਦੀ ਸੰਘਰਸ਼ ਲਈ ਅੰਡੇਮਾਨ ਅਤੇ ਨਿਕੋਬਾਰ ਦੀਪ ਸਮੂਹ ਵਿੱਚ ਦਿੱਤੀਆਂ ਕੁਰਬਾਨੀਆਂ ਅਤੇ ਹੋਰ ਤੱਥਾਂ ਸਬੰਧੀ ਕਮੇਟੀ ਦੀ ਰਿਪੋਰਟ ਪੇਸ਼ ਕਰਨਗੇ।

2. ਸਭਾਪਤੀ, ਲੋਕ ਲੇਖਾ ਕਮੇਟੀ

   i) ਸਾਲਾਂ 2012-13 ਅਤੇ 2013-14 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 209ਵੀਂ ਰਿਪੋਰਟ ਅਤੇ ਸਾਲਾਂ 2012-13 ਅਤੇ 2013-14 ਲਈ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਮਾਲੀਆ ਪ੍ਰਾਪਤੀਆਂ) ਪੇਸ਼ ਕਰਨਗੇ; ਅਤੇ

   ii) ਸਾਲ 2019-20 ਦੇ ਦੌਰਾਨ ਲੋਕ ਲੇਖਾ ਕਮੇਟੀ ਦੁਆਰਾ ਕੀਤੇ ਗਏ ਕੰਮ ਉੱਤੇ, ਸੀ.ਏ.ਜੀ ਦੀਆਂ ਰਿਪੋਰਟਾਂ (ਸਿਵਲ ਅਤੇ ਮਾਲੀਆ ਪ੍ਰਾਪਤੀਆਂ) ਵਿੱਚ ਦਰਜ਼ ਆਡਿਟ ਪੈਰ੍ਹਿਆਂ ਤੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਹੋਏ ਉਤੱਰਾਂ ਤੇ ਇੱਕ ਸੰਖੇਪ ਪੇਸ਼ ਕਰਨਗੇ।

## VI. ਸਰਕਾਰੀ ਮਤਾ

ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਨਿਮਨਲਿਖਤ ਮਤਾ ਪੇਸ਼ ਕਰਨਗੇ-

"ਇਹ ਸਦਨ ਪੰਜਾਬ ਦੀ ਮਾਤ-ਭਾਸ਼ਾ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਰਾਜ ਸਰਕਾਰ ਵਲੋਂ ਚੁੱਕੇ ਹਰ ਸਾਰਥਕ ਕਦਮ ਦਾ ਸਵਾਗਤ ਕਰਦਾ ਹੈ ਅਤੇ ਲੋਕ ਮਹੱਤਤਾ ਦੀ ਹਰ ਜਗ੍ਹਾ ਤੇ ਜਾਣਕਾਰੀ ਲਈ ਲਿਖੀਆਂ ਜਾਣ ਵਾਲੀਆਂ ਭਾਸ਼ਾਵਾਂ ਵਿਚੋਂ ਪੰਜਾਬੀ ਭਾਸ਼ਾ ਨੂੰ ਪਹਿਲਾ ਸਥਾਨ ਦੇਣ ਲਈ ਜਾਰੀ ਕੀਤੀ ਅਧਿਸੂਚਨਾ ਲਈ ਰਾਜ ਸਰਕਾਰ ਦੀ ਸ਼ਲਾਘਾ ਕਰਦਾ ਹੈ।

28.2.20
Superintendent
Punjab Vidhan Sabha
Chandigarh

ਇਹ ਸਦਨ ਇਹ ਵੀ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਕਿਸੇ ਵੀ ਵਿਅਕਤੀ ਜਾਂ ਅਦਾਰੇ ਵਲੋਂ ਪੰਜਾਬੀ ਭਾਸ਼ਾ ਦੇ ਪਸਾਰ ਵਿਰੁੱਧ ਕੀਤੇ ਜਾਣ ਵਾਲੇ ਕਿਸੇ ਤਰ੍ਹਾਂ ਦੇ ਕੰਮਾਂ ਜਾਂ ਕਦਮਾਂ ਨੂੰ ਰੋਕਣ ਲਈ ਲੋੜੀਂਦੇ ਕਾਨੂੰਨ ਸਮੇਤ ਯੋਗ ਪ੍ਰਬੰਧ ਕਰੇ।

ਇਹ ਸਦਨ ਇਹ ਵੀ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਰਾਜ ਦੇ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਪੰਜਾਬੀ ਭਾਸ਼ਾ ਨੂੰ ਦਸਵੀਂ ਜਮਾਤ ਤਕ ਜ਼ਰੂਰੀ ਵਿਸ਼ੇ ਵਜੋਂ ਪੜ੍ਹਾਉਣ ਲਈ ਜ਼ਰੂਰੀ ਕਦਮ ਚੁੱਕੇ।"

VII. <u>ਸਾਲ 2020-21 ਲਈ ਬਜਟ ਅਨੁਮਾਨ</u>

ਸਾਲ 2020-21 ਲਈ ਬਜਟ ਅਨੁਮਾਨਾਂ ਤੇ ਆਮ ਬਹਿਸ।

ਚੰਡੀਗੜ੍ਹ;
28 ਫਰਵਰੀ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

ਗ ਕੌਰ 28.2.20
Superintendent
Punjab Vidhan Sabha
Chandigarh